# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 28-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਵੀਡੀਓ ਕਾਨਫਰੰਸ ਰਾਹੀਂ ਨਵ-ਨਿਯੁਕਤ ਨੌਜਵਾਨਾਂ ਨੂੰ, 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ।
- ਭਾਰਤੀ ਰੇਲਵੇ ਨੇ ਔਰਤ ਅਤੇ ਬਾਲ ਵਿਕਾਸ ਮੰਤਰਾਲੇ ਦੇ ਸਹਿਯੋਗ ਨਾਲ, ਜ਼ੋਖਮ ਅਧੀਨ ਬੱਚਿਆਂ ਦੀ ਸੁਰੱਖਿਆ ਲਈ, ਇੱਕ ਸੋਧੀ ਹੋਈ ਮਿਆਰੀ ਸੰਚਾਲਨ ਪ੍ਰਕਿਰਿਆ ਸ਼ੁਰੂ ਕੀਤੀ ਏ।
- ਪੰਜਾਬ ਸਮੇਤ ਦੇਸ਼ ਭਰ ਵਿੱਚ ਅੱਜ ਤੋਂ 3 ਨਵੰਬਰ ਤੱਕ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਏ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੱਜ ਹੋਏ ਜਨਰਲ ਇਜਲਾਸ ਦੌਰਾਨ, ਹਰਜਿੰਦਰ ਸਿੰਘ ਧਾਮੀ ਲਗਾਤਾਰ ਚੌਥੀ ਵਾਰ, ਪ੍ਰਧਾਨ ਚੁਣੇ ਗਏ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਵੀਡੀਓ ਕਾਨਫਰੰਸ ਰਾਹੀਂ ਨਵ-ਨਿਯੁਕਤ ਨੌਜਵਾਨਾਂ ਨੂੰ, 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ । ਦੇਸ਼ ਭਰ ਵਿੱਚ ਚੰਡੀਗੜ੍ਹ ਸਮੇਤ 40 ਥਾਵਾਂ 'ਤੇ ਰੁਜ਼ਗਾਰ ਮੇਲੇ ਦਾ ਆਯੋਜਨ ਕੀਤਾ ਜਾਵੇਗਾ । ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ ਨੌਜਵਾਨਾਂ ਨੂੰ, ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਵਿੱਚ ਕੇਂਦਰ ਸਰਕਾਰ ਦੇ ਅਹੁਦਿਆਂ 'ਤੇ ਨਿਯੁਕਤ ਕੀਤਾ ਜਾਵੇਗਾ। ਰੁਜ਼ਗਾਰ ਮੇਲਾ, ਰੁਜ਼ਗਾਰ ਸਿਰਜਣ ਨੂੰ ਪਹਿਲ ਦੇਣ ਲਈ, ਪ੍ਰਧਾਨ ਮੰਤਰੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ । ਇਹ ਮੇਲਾ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰੇਗਾ । ਨਵੇਂ ਭਰਤੀ ਕੀਤੇ ਗਏ ਨੌਜਵਾਨਾਂ ਨੂੰ iGOT ਕਰਮਯੋਗੀ ਪੋਰਟਲ 'ਤੇ ਉਪਲਬਧ ਔਨਲਾਈਨ ਮਾਡਿਊਲ ਕਰਮਯੋਗੀ ਪ੍ਰਰੰਭਾ ਰਾਹੀਂ ਮੁੱਢਲੀ ਸਿਖਲਾਈ ਲੈਣ ਦਾ ਮੌਕਾ ਮਿਲੇਗਾ । ਇਸ ਪੋਰਟਲ 'ਤੇ 1400 ਤੋਂ ਵੱਧ ਈ-ਲਰਨਿੰਗ ਕੋਰਸ ਉਪਲਬਧ ਨੇ । ਇਹ ਕੋਰਸ ਨੌਜਵਾਨਾਂ ਨੂੰ ਆਪਣੀਆਂ ਨੌਕਰੀਆਂ ਨੂੰ ਪ੍ਰਭਾਵਸ਼ਾਲੀ ਢੰਗ

ਨਾਲ ਕਰਨ ਅਤੇ ਇੱਕ ਵਿਕਸਤ ਭਾਰਤ ਦੇ ਨਿਰਮਾਣ ਲਈ ਕੰਮ ਕਰਨ ਲਈ ਲੋੜੀਂਦੇ ਹੁਨਰ ਸਿੱਖਣ ਲਈ ਤਿਆਰ ਕਰਨਗੇ।

---------------------------------------------------------------

ਭਾਰਤੀ ਰੇਲਵੇ ਨੇ ਔਰਤ ਅਤੇ ਬਾਲ ਵਿਕਾਸ ਮੰਤਰਾਲੇ ਦੇ ਸਹਿਯੋਗ ਨਾਲ, ਰੇਲਵੇ ਦੇ ਸੰਪਰਕ ਵਿਚ ਆਉਣ ਵਾਲੇ ਗ਼ੈਰ-ਸੁਰਖਿਅਤ ਬੱਚਿਆਂ ਦੀ ਸੁਰੱਖਿਆ ਲਈ, ਇੱਕ ਸੋਧੀ ਹੋਈ ਮਿਆਰੀ ਸੰਚਾਲਨ ਪ੍ਰਕਿਰਿਆ (SOP) ਸ਼ੁਰੂ ਕੀਤੀ ਏ । ਰੇਲ ਮੰਤਰਾਲੇ ਨੇ ਕਿਹਾ, SOP ਭਾਰਤੀ ਰੇਲਵੇ ਦੇ ਸੰਪਰਕ ਵਿੱਚ ਆਏ ਬੱਚਿਆਂ ਦੀ ਸੁਰੱਖਿਆ ਲਈ ਇੱਕ ਮਜ਼ਬੂਤ ਢਾਂਚੇ ਦੀ ਰੂਪਰੇਖਾ ਤਿਆਰ ਕਰਦੀ ਏ । ਇਹ ਗ਼ੈਰ-ਸੁਰਖਿਅਤ ਬੱਚਿਆਂ ਨੂੰ ਸੁਰੱਖਿਆ ਲਈ ਪ੍ਰਦਾਨ ਕਰਕੇ, ਬੱਚਿਆਂ ਦੇ ਸ਼ੋਸ਼ਣ ਅਤੇ ਤਸਕਰੀ ਨੂੰ ਰੋਕਣ ਲਈ, ਭਾਰਤੀ ਰੇਲਵੇ ਦੀ ਵਚਨਬੱਧਤਾ ਨੂੰ ਵੀ ਮਜ਼ਬੂਤ ਕਰਦੀ ਏ । ਦੇਸ਼ ਭਰ ਵਿੱਚ ਗ਼ੈਰ-ਸੁਰਖਿਅਤ ਬੱਚਿਆਂ ਦੀ ਸੁਰੱਖਿਆ ਲਈ, ਲਗਭਗ 262 ਸਟੇਸ਼ਨਾਂ ਵਿੱਚ ਮਨੁੱਖੀ ਤਸਕਰੀ ਵਿਰੋਧੀ ਯੂਨਿਟ ਸਥਾਪਤ ਕੀਤੇ ਜਾਣਗੇ । ਰੇਲ ਗੱਡੀਆਂ ਵਿਚ ਸਫ਼ਰ ਕਰਨ ਵਾਲੀਆਂ ਇਕੱਲੀਆਂ ਔਰਤਾਂ ਦੀ ਸੁਰੱਖਿਆ ਲਈ, ਰੇਲਵੇ

ਅਪਰੇਸ਼ਨ 'ਮੇਰੀ ਸਹੇਲੀ' ਵੀ ਚਲਾ ਰਿਹਾ ਏ। ਮੰਤਰਾਲੇ ਨੇ ਕਿਹਾ ਕਿ ਰੇਲਵੇ ਸੁਰੱਖਿਆ ਬਲ (RPF) ਇਹ ਯਕੀਨੀ ਬਣਾਉਣ ਲਈ ਇੱਕ ਸਰਗਰਮ ਭੂਮਿਕਾ ਨਿਭਾ ਰਿਹਾ ਏ ਕਿ ਮਨੁੱਖੀ ਤਸਕਰਾਂ ਦੁਆਰਾ ਬੱਚਿਆਂ ਦੀ ਆਵਾਜਾਈ ਨੂੰ ਉਤਸ਼ਾਹਿਤ ਕਰਨ ਲਈ ਇਸਦੀ ਵਰਤੋਂ ਨਾ ਕੀਤੀ ਜਾਵੇ। RPF ਨੇ ਪਿਛਲੇ ਪੰਜ ਸਾਲਾਂ ਵਿੱਚ 57 ਹਜ਼ਾਰ ਤੋਂ ਵੱਧ ਬੱਚਿਆਂ ਨੂੰ ਤਸਕਰੀ ਤੋਂ ਬਚਾਇਆ ਏ, ਜਿਨ੍ਹਾਂ ਵਿੱਚੋਂ 18 ਹਜ਼ਾਰ ਦੇ ਕਰੀਬ ਲੜਕੀਆਂ ਸਨ। ਔਰਤ ਅਤੇ ਬਾਲ ਵਿਕਾਸ ਬਾਰੇ ਸਕੱਤਰ, ਅਨਿਲ ਮਲਿਕ ਨੇ ਗ਼ੈਰ-ਸੁਰਖਿਅਤ ਸਮੂਹਾਂ, ਖਾਸ ਤੌਰ 'ਤੇ ਨਾਬਾਲਗਾਂ ਦੀ ਸੁਰੱਖਿਆ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਮਨੁੱਖੀ ਤਸਕਰਾਂ ਤੋਂ ਨਾਬਾਲਗਾਂ ਦੀ ਸੁਰੱਖਿਆ ਨੂੰ ਵਧਾਉਣ ਲਈ ਪਹਿਲਕਦਮੀਆਂ ਲਈ ਭਾਰਤੀ ਰੇਲਵੇ ਦੀ ਵੀ ਪ੍ਰਸ਼ੰਸਾ ਕੀਤੀ।

---

ਅੱਜ ਤੋਂ ਦੇਸ਼ ਭਰ ਵਿੱਚ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਏ। ਇਸ ਦਾ ਉਦੇਸ਼ ਜਨਤਕ ਜੀਵਨ ਵਿੱਚ ਇਮਾਨਦਾਰੀ ਨੂੰ ਉਤਸ਼ਾਹਿਤ ਕਰਨਾ ਅਤੇ ਭ੍ਰਿਸ਼ਟਾਚਾਰ ਮੁਕਤ ਸਮਾਜ ਦੀ ਸਿਰਜਣਾ

ਕਰਨਾ ਏ ।ਇਹ ਹਫ਼ਤਾ ਸ਼ਾਸਨ ਅਤੇ ਜਨਤਕ ਪ੍ਰਸ਼ਾਸਨ ਵਿੱਚ ਨੈਤਿਕਤਾ ਅਤੇ ਪਾਰਦਰਸ਼ਤਾ ਦੀ ਲੋੜ ਬਾਰੇ ਵਧੇਰੇ ਸੰਵੇਦਨਸ਼ੀਲਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ। ਇਸ ਹਫਤੇ ਦਾ ਵਿਸ਼ਾ, ਦੇਸ਼ ਦੀ ਖੁਸ਼ਹਾਲੀ ਲਈ ਇਮਾਨਦਾਰੀ ਦਾ ਸੱਭਿਆਚਾਰ ਰੱਖਿਆ ਗਿਆ ਏ। ਹਫ਼ਤੇ ਦੀ ਸ਼ੁਰੂਆਤ ਮੰਤਰਾਲਿਆਂ, ਵਿਭਾਗਾਂ, ਜਨਤਕ ਅਦਾਰਿਆਂ, ਬੈਂਕਾਂ ਅਤੇ ਹੋਰ ਸਾਰੀਆਂ ਸੰਸਥਾਵਾਂ ਵਿੱਚ ਜਨਤਕ ਸੇਵਕਾਂ ਦੁਆਰਾ ਸਹੁੰ ਚੁੱਕਣ ਨਾਲ ਹੋਈ ਏ। ਹਫ਼ਤੇ ਦੌਰਾਨ ਭ੍ਰਿਸ਼ਟਾਚਾਰ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਕਈ ਸਮਾਗਮ ਕਰਵਾਏ ਜਾਣਗੇ। ਹਰ ਸਾਲ ਭਾਰਤ ਰਤਨ ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਨ ਦੇ ਹਫਤੇ ਵਿੱਚ ਵਿਜੀਲੈਂਸ ਜਾਗਰੂਕਤਾ ਹਫਤੇ ਦਾ ਆਯੋਜਨ ਕੀਤਾ ਜਾਂਦਾ ਏ।

---------------------------------------------------------

ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸਮਾਜ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਇਮਾਨਦਾਰੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸੂਬੇ ਭਰ ਵਿੱਚ ਅੱਜ ਤੋਂ 3 ਨਵੰਬਰ ਤੱਕ ਸਾਲਾਨਾ

ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾਵੇਗਾ, ਜਿਸ ਦੌਰਾਨ ਨਾਗਰਿਕਾਂ ਅਤੇ ਸਰਕਾਰੀ ਮੁਲਾਜ਼ਮਾਂ ਨੂੰ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਬਾਰੇ ਜਾਗਰੂਕ ਕੀਤਾ ਜਾਵੇਗਾ।

----------------------------------------------------

ਪੰਜਾਬ ਦੇ ਵਿਸ਼ੇਸ਼ ਡੀ.ਜੀ.ਪੀ.-ਕਮ-ਮੁੱਖ ਡਾਇਰੈਕਟਰ ਵਿਜੀਲੈਂਸ ਬਿਊਰੋ, ਵਰਿੰਦਰ ਕੁਮਾਰ ਕੁਮਾਰ ਨੇ ਫ਼ੀਲਡ ਅਧਿਕਾਰੀਆਂ ਨੂੰ ਸ਼ਿਕਾਇਤਾਂ ਦੇ ਨਿਰਪੱਖ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਨਿਪਟਾਰੇ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ। ਉਹਨਾਂ ਨੇ ਅੱਜ ਵਿਜੀਲੈਂਸ ਬਿਊਰੋ ਭਵਨ mohali ਵਿਖੇ ਸਾਲਾਨਾ ਵਿਜੀਲੈਂਸ ਜਾਗਰੂਕਤਾ ਹਫ਼ਤੇ ਦੇ ਪਹਿਲੇ ਦਿਨ ਸਹੁੰ ਚੁੱਕ ਸਮਾਗਮ ਉਪਰੰਤ ਅਧਿਕਾਰੀਆਂ/ਕਰਮਚਾਰੀਆਂ ਨੂੰ ਸੰਬੋਧਨ ਕੀਤਾ, ਜਿਸ ਦਾ ਉਦੇਸ਼ ਨਾਗਰਿਕਾਂ ਅਤੇ ਸਰਕਾਰੀ ਮੁਲਾਜ਼ਮਾਂ ਨੂੰ ਭ੍ਰਿਸ਼ਟ ਅਮਲਾਂ ਤੋਂ ਮੁਕਤ ਪ੍ਰਸ਼ਾਸਨ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ। ਅਧਿਕਾਰੀਆਂ ਨੂੰ ਸਾਰੀਆਂ ਸੱਤ ਰੇਂਜਾਂ ਵਿੱਚ ਵਿਆਪਕ ਜਾਗਰੂਕਤਾ ਮੁਹਿੰਮ ਸ਼ੁਰੂ ਕਰਨ ਦੇ ਨਿਰਦੇਸ਼ ਦਿੰਦਿਆਂ ਉਨ੍ਹਾਂ ਕਿਹਾ ਕਿ ਵਿਜੀਲੈਂਸ ਬਿਊਰੋ ਰੇਂਜਾਂ ਦੇ ਸਾਰੇ

ਐਸ.ਐਸ.ਪੀਜ਼. ਅਤੇ ਫ਼ੀਲਡ ਅਧਿਕਾਰੀਆਂ ਨੂੰ ਨਾਗਰਿਕਾਂ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ, ''ਭ੍ਰਿਸ਼ਟਾਚਾਰ ਵਿਰੁੱਧ ਸੰਦੇਸ਼ ਜ਼ਮੀਨੀ ਪੱਧਰ ਤੱਕ ਪਹੁੰਚਣਾ ਚਾਹੀਦਾ ਹੈ ਤਾਂ ਜੋ ਸਮਾਜ ਵਿੱਚ ਪਾਰਦਰਸ਼ਤਾ, ਜਵਾਬਦੇਹੀ, ਇਮਾਨਦਾਰੀ ਅਤੇ ਅਖੰਡਤਾ ਨੂੰ ਉਤਸ਼ਾਹਿਤ ਕੀਤਾ ਜਾ ਸਕੇ।''ਭ੍ਰਿਸ਼ਟਾਚਾਰ ਪ੍ਰਤੀ ਆਪਣੀ ਜ਼ੀਰੋ-ਸਹਿਣਸ਼ੀਲਤਾ ਨੀਤੀ ਨੂੰ ਜਾਰੀ ਰੱਖਦਿਆਂ ਵਿਜੀਲੈਂਸ ਬਿਊਰੋ ਨੇ ਮਾਰਚ 2022 ਤੋਂ ਹੁਣ ਤੱਕ ਭ੍ਰਿਸ਼ਟਾਚਾਰ ਦੇ 673 ਕੇਸ ਦਰਜ ਕੀਤੇ ਨੇ । ਉਨ੍ਹਾਂ ਅੱਗੇ ਦੱਸਿਆ ਕਿ ਇਨ੍ਹਾਂ ਮਾਮਲਿਆਂ ਦੀ ਜਾਂਚ ਦੌਰਾਨ ਕੁੱਲ 758 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਵੀ ਕੀਤਾ ਗਿਆ ਐ ।

---------------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੀਆਂ ਜਲੰਧਰ ਸਥਿਤ ਵੱਖ ਵੱਖ ਇਕਾਈਆਂ ਨੇ ਵੀ ਵਿਜੀਲੈਂਸ ਜਾਗਰੂਕਤਾ ਹਫਤੇ ਤਹਿਤ ਇਮਾਨਦਾਰੀ ਨਾਲ ਸੇਵਾਵਾਂ ਨਿਭਾਉਣ ਦੀ ਸਹੁੰ ਚੁਕੀ। ਆਕਾਸ਼ਵਾਣੀ ਜਲੰਧਰ , ਦੂਰਦਰਸ਼ਨ ਜਲੰਧਰ ਕੇਂਦਰੀ ਸੰਚਾਰ ਬਿਊਰੋ ਅਤੇ ਪੱਤਰ

ਸੂਚਨਾ ਦਫਤਰ ਦੇ ਸੀਨੀਅਰ ਅਧਿਕਾਰੀਆਂ ਤੇ ਵੱਖ ਵੱਖ ਮੁਲਾਜ਼ਮਾਂ ਨੇ ਅਹਿਦ ਲਿਆ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੱਜ ਹੋਏ ਜਨਰਲ ਇਜਲਾਸ ਦੌਰਾਨ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਚੌਥੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਚੁਣੇ ਗਏ। ਸਾਡੇ ਅੰਮ੍ਰਿਤਸਰ ਵਾਲੇ ਪਤਰਕਾਰ ਮਨੀਦਾਰ  ਮੋਗਾ ਨੇ ਦਸਿਆ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਲਗਾਤਾਰ ਚੌਥੀ ਵਾਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਪ੍ਰਧਾਨਗੀ ਦੇ ਉਮੀਦਵਾਰ ਲਈ ਵਿਧਾਨ ਵਿੱਚ ਉਤਾਰਿਆ ਗਿਆ ਸੀ, ਉੱਥੇ ਅਕਾਲੀ ਦਲ ਸੁਧਾਰ ਲਹਿਰ ਵੱਲੋਂ ਬੀਬੀ ਜਗੀਰ ਕੌਰ ਪ੍ਰਧਾਨਗੀ ਦੇ ਉਮੀਦਵਾਰ ਵਜੋਂ ਮੈਦਾਨ ਵਿੱਚ ਨਿਤਰੇ। ਇਜਲਾਸ ਚ ਪ੍ਰਧਾਨ ਦੇ ਲਈ ਕੁੱਲ 142 ਵੋਟਾਂ ਪਈਆਂ, ਹਰਜਿੰਦਰ ਸਿੰਘ ਧਾਮੀ ਨੇ 107 ਵੋਟਾਂ ਹਾਸਲ ਕੀਤੀਆ ਜਦਕਿ ਬੀਬੀ ਜਗੀਰ ਕੌਰ ਨੂੰ 33 ਵੋਟਾਂ ਮਿਲੀਆਂ। ਇਸ ਤੋਂ ਇਲਾਵਾ ਦੋ ਵੋਟਾਂ ਰੱਦ ਹੋਈਆਂ ਪ੍ਰਧਾਨ ਚੁਣੇ ਜਾਣ ਤੋਂ ਬਾਅਦ, ਸੀਨੀਅਰ ਮੀਤ ਪ੍ਰਧਾਨ ਵਜੋਂ ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ

ਬਲਦੇਵ ਸਿੰਘ ਕਲਿਆਣ ਜਨਰਲ ਸਕੱਤਰ, ਸ਼ੇਰ ਸਿੰਘ ਮੰਡਵਾਲਾ ਅਤੇ 11 ਅੰਤਿਮ ਕਮੇਟੀ ਮੈਂਬਰਾਂ ਦੀ ਚੋਣ ਸਰਬ ਸੰਮਤੀ ਨਾਲ ਕੀਤੀ ਗਈ। ਚੋਣ ਪ੍ਰਕਿਰਿਆ ਸੰਪੰਨ ਹੋਣ ਤੋਂ ਬਾਅਦ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੀ ਸਮੁੱਚੀ ਟੀਮ ਦੇ ਨਾਲ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦਾ ਸ਼ੁਕਰਾਨਾ ਕੀਤਾ।

---------------------------------------------------

ਪੰਜਾਬ ਵਿਚ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਵੱਖ - ਵੱਖ ਜ਼ਿਲਾ ਮੁਖੀਆਂ ਵਲੋਂ ਪਰਾਲੀ ਦੀ ਸੁਚੱਜੀ ਸੰਭਾਲ ਲਈ ਲੋਕਾਂ ਨੂੰ ਪ੍ਰਰਿਤ ਕੀਤਾ ਜਾ ਰਿਹਾ ਐ।

---------------------------------------------------

ਮਾਲੇਰਕੋਟਲਾ ਜ਼ਿਲ੍ਹੇ ਦੇ ਪ੍ਰਸਾਸ਼ਿਨਕ ਅਤੇ ਪੁਲਿਸ ਅਧਿਕਾਰੀਆਂ ਵੱਲੋਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਮਸ਼ੀਨਰੀ ਦੀ ਸੁਚੱਜੀ ਵਰਤੋਂ ਕਰ ਕੇ ਪਰਾਲੀ ਪ੍ਰਬੰਧਨ ਕਰਨ ਲਈ ਲਗਾਤਾਰ ਪ੍ਰੇਰਿਤ ਕੀਤਾ ਜਾ ਰਿਹਾ ਏ ਤਾਂ ਜੋ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਨਾ ਆਉਣ।

ਡਿਪਟੀ ਕਮਿਸ਼ਨਰ ਡਾ. ਪੱਲਵੀ ਨੇ ਦੱਸਿਆ ਕਿ ਕਿਸਾਨ ਵਲੋਂ ਖੇਤਾਂ ਵਿੱਚ ਪਰਾਲੀ ਨੂੰ ਅੱਗ ਲਗਾਉਣ ਨੂੰ ਸਖਤੀ ਨਾਲ ਨਜਿੱਠਣ ਲਈ ਅਤਿ-ਆਧੁਨਿਕ ਮਸ਼ੀਨਰੀ ਦੇ ਪੂਰੇ ਪੁਖ਼ਤਾ ਇੰਤਜਾਮ ਕੀਤੇ ਗਏ ਨੇ ਇਸ ਦੇ ਬਾਵਜੂਦ ਵੀ ਜ਼ਿਲ੍ਹੇ ਵਿੱਚ ਤਿੰਨ ਅੱਗ ਲੱਗਣ ਦੀ ਘਟਨਾਵਾਂ ਦਰਜ ਹੋਈਆਂ । ਅੱਗ ਲਗਾਉਣ ਵਾਲੇ ਕਿਸਾਨਾਂ ਨੂੰ 7500 ਰੁਪਏ ਦਾ ਜੁਰਮਾਨਾ ਕੀਤਾ ਗਿਆ । ਉਨ੍ਹਾਂ ਦੱਸਿਆ ਕਿ ਪੰਜਾਬ ਰਿਮੋਟ ਸੈਂਸਿੰਗ ਸੈਂਟਰ ਵਲੋਂ ਹੁਣ ਤੱਕ 29 ਅੱਗ ਲੱਗਣ ਦੀਆਂ ਘਟਨਾਵਾਂ ਦੀਆਂ ਸੂਚਨਾਵਾਂ ਸਾਂਝੀਆਂ ਕੀਤੀਆਂ ਗਈਆਂ ਹਨ, ਜਿਨ੍ਹਾਂ ਦੀ ਹੇਠਲੇ ਪੱਧਰ ਤੱਕ ਜਾਂਚ ਦੌਰਾਨ ਕੇਵਲ 3 ਥਾਵਾਂ 'ਤੇ ਅੱਗ ਲਾਉਣ ਦੀ ਪੁਸ਼ਟੀ ਹੋਈ ਏ । ਸਰਕਾਰ ਦੀਆਂ ਹਦਾਇਤਾਂ ਅਨੁਸਾਰ ਚਲਾਨ ਕੱਟਣ ਅਤੇ ਪੁਲਿਸ ਕੇਸ ਦਰਜ ਕਰਵਾਉਣ ਅਤੇ ਮਾਲ ਵਿਭਾਗ ਦੇ ਰਿਕਾਰਡ ਵਿੱਚ ਦਰਜ ਕਰਵਾਉਣ ਲਈ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਨੇ । ਓਧਰ ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਜ਼ਿਲ੍ਹੇ ਦੇ ਪਿੰਡ ਮਲੂਕਾ, ਲੇਲੇਆਣਾ, ਚੱਕ ਬਖਤੂ, ਆਦਮਪੁਰਾ, ਮੌੜ, ਮਲਕਾਣਾ ਅਤੇ ਤਲਵੰਡੀ ਸਾਬੋ ਵਿਖੇ

ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਕਿਸਾਨ ਜਾਗਰੂਕਤਾ ਕੈਂਪ ਲਗਾਏ ਗਏ। ਖੇਤੀ ਮਾਹਿਰਾਂ ਵਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾ ਕੇ, ਖੇਤਾਂ ਵਿੱਚ ਵਾਹੁਣ ਦੀ ਅਪੀਲ ਕੀਤੀ ਤਾਂ ਜੋ ਵਾਤਾਵਰਣ ਨੂੰ ਬਚਾਉਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ ਜਾ ਸਕੇ । ਕਿਸਾਨਾਂ ਨੇ ਵਾਤਾਵਰਣ ਦੀ ਸ਼ੁੱਧਤਾਂ ਦੇ ਮੱਦੇਨਜ਼ਰ ਅਤੇ ਆਉਣ ਵਾਲੀਆਂ ਪੀੜੀਆਂ ਨੂੰ ਸੁਰੱਖਿਅਤ ਰੱਖਣ ਲਈ ਨੇ ਪ੍ਰਣ ਵੀ ਲਿਆ । ਖੇਤੀਬਾੜੀ ਅਧਿਕਾਰੀਆਂ ਨੇ ਕਿਸਾਨਾਂ ਨੂੰ ਪਰਾਲੀ ਨੂੰ ਬਿਨਾਂ ਅੱਗ ਲਗਾਏ ਕਣਕ ਦੀ ਫਸਲ ਦੀ ਬਿਜਾਈ ਕਰਨ ਦੀ ਅਪੀਲ ਕੀਤੀ ਤਾਂ ਜੋ ਵਾਤਾਵਰਣ ਨੂੰ ਸਾਫ ਸੁਥਰਾ ਰੱਖਿਆ ਜਾ ਸਕੇ ਅਤੇ ਪਰਾਲੀ ਨੂੰ ਖੇਤ ਵਿੱਚ ਮਿਲਾ ਕੇ ਮਿੱਟੀ ਦੀ ਉਪਜਾਊ ਸ਼ਕਤੀ ਵਧਾਈ ਜਾ ਸਕੇ ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਪਿੰਡਾਂ ਵਿੱਚ ਪ੍ਰਚਾਰ ਵੈਨਾਂ, ਨੁੱਕੜ ਨਾਟਕਾਂ, ਸਕੂਲਾਂ ਵਿੱਚ ਬੱਚਿਆਂ ਦੇ ਭਾਸ਼ਣ ਮੁਕਾਬਲੇ, ਪੇਟਿੰਗ ਮੁਕਾਬਲੇ ਆਦਿ ਕਰਵਾ ਕੇ, ਪਰਾਲੀ ਨੂੰ ਨਾ ਸਾੜਨ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ।

-----------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਜ਼ਿਲ੍ਹੇ ਵਿੱਚ

ਪਰਾਲੀ ਦੇ ਪ੍ਰਬੰਧਨ ਲਈ ਖੇਤੀ ਸੰਦਾਂ ਦੀ ਵਰਤੋਂ ਅਤੇ ਉਪਲਬਧਤਾ ਨਾਲ ਸਬੰਧਤ ਕਿਸੇ ਵੀ ਮੁੱਦੇ ਵਿੱਚ, ਕਿਸਾਨਾਂ ਦੀ ਸਹਾਇਤਾ ਲਈ ਇੱਕ ਵਟਸਐਪ ਚੈਟਬੋਟ 84274-41404 ਜਾਰੀ ਕੀਤਾ । ਡਿਪਟੀ ਕਮਿਸ਼ਨਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਖੇਤਾਂ ਵਿੱਚ ਪਰਾਲੀ ਸਾੜਨ ਦੀ ਬਜਾਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਵੱਖ-ਵੱਖ ਖੇਤੀ ਮਸ਼ੀਨਾਂ ਦੀ ਪੇਸ਼ਕਸ਼ ਕੀਤੀ ਜਾ ਰਹੀ ਏ । ਅਧਿਕਾਰੀਆਂ ਨੂੰ ਪਰਾਲੀ ਦੇ ਨਿਪਟਾਰੇ ਦੀਆਂ ਤਕਨੀਕਾਂ ਦੇ ਲਾਭਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵੀ ਨਿਰਦੇਸ਼ ਦਿੱਤੇ ਗਏ ਹਨ ਜੋ ਵੱਖ-ਵੱਖ ਖੇਤੀ ਉਪਕਰਣਾਂ ਦੀ ਵਰਤੋਂ ਕਰਕੇ ਮਿੱਟੀ ਦੀ ਸਿਹਤ ਨੂੰ ਵਧਾਉਂਦੇ ਨੇ ।

----------------------------------------------------

ਬਟਾਲਾ ਦੇ ਐੱਸ.ਡੀ.ਐੱਮ. ਵਿਰਕਮਜੀਤ ਸਿੰਘ ਵੱਲੋਂ ਪਿੰਡ ਮਿਸ਼ਰਪੁਰਾ, ਛਾਪਿਆਂਵਾਲੀ, ਚੂਹੇਵਾਲ, ਬੱਸਰਪੁਰਾ, ਰੰਗੀਲਪੁਰ, ਤਾਰਾ ਗੜ੍ਹ, ਫੁਲਕੇ ਅਤੇ ਜੈਤੋ ਸਰਜਾ, ਸਮੇਤ ਵੱਖ- ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ ਅਤੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਬਾਰੇ ਜਾਗਰੂਕ ਕੀਤਾ ਗਿਆ । ਇਸ ਮੌਕੇ ਤਹਿਸੀਲਦਾਰ ਜਗਤਾਰ ਸਿੰਘ, ਨਾਈਬ

ਤਹਿਸੀਲਦਾਰ ਮਨਜੋਤ ਸਿੰਘ ਸਮੇਤ ਵੱਖ- ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ । ਇਸ ਦੌਰਾਨ ਐੱਸ.ਡੀ.ਐੱਮ. ਨੇ ਕਿਸਾਨਾਂ ਨੂੰ ਫਸਲ ਦੀ ਕਟਾਈ ਤੋਂ ਬਾਅਦ ਰਹਿੰਦ-ਖੂੰਹਦ ਨੂੰ ਪੈਲੀ ਵਿੱਚ ਹੀ ਵਾਹੁਣ ਦੇ ਨਾਲ - ਨਾਲ ਪਰਾਲੀ ਪ੍ਰੰਬਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨ ਅਤੇ ਪਰਾਲੀ ਨਾ ਸਾੜਨ ਦੇ ਫਾਇਦਿਆਂ ਬਾਰੇ ਵੀ ਜਾਗਰੂਕ ਕੀਤਾ। ਉਨ੍ਹਾਂ ਨੇ ਅਗਾਂਹਵਧੂ ਕਿਸਾਨ , ਜਿਨ੍ਹਾਂ ਨੇ ਪਿਛਲੇ ਕਈ ਸਾਲਾਂ ਤੋਂ ਪਰਾਲੀ ਨੂੰ ਅੱਗ ਨਹੀਂ ਲਗਾਈ ਗਈ , ਦੀ ਹੌਸਲਾ ਅਫਜ਼ਾਈ ਕੀਤੀ ਅਤੇ ਦੱਸਿਆ ਕਿ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਵੱਲੋਂ ਅਗਾਂਹਵਧੂ ਕਿਸਾਨਾਂ ਨੂੰ ਚੌਗਿਰਦੇ ਦੇ ਰੱਖਵਾਲੇ ਪ੍ਰਸ਼ੰਸਾ ਪੱਤਰ ਨਾਲ ਸਨਮਾਨਿਤ ਕੀਤਾ ਜਾ ਰਿਹਾ ਐ।

---------------------------------------------------

ਇਥੇ ਜ਼ਿਕਰਯੋਗ ਐ ਕਿ ਕੇਂਦਰ ਨੇ ਝੋਨੇ ਦੀ ਪਰਾਲੀ ਸਾੜਨ ਦੇ ਮਾਮਲਿਆਂ ਨੂੰ ਘਟਾਉਣ ਲਈ ਪੰਜਾਬ ਤੇ ਹਰਿਆਣਾ ਦੇ ਯਤਨਾਂ ਦੀ

ਸ਼ਲਾਘਾ ਕੀਤੀ ਐ ਅਤੇ ਉਨ੍ਹਾਂ ਨੂੰ ਮਿਸ਼ਨ ਜ਼ੀਰੋ ਬਰਨਿੰਗ ਵੱਲ ਕੰਮ ਕਰਨ ਦੀ ਸਲਾਹ ਦਿੱਤੀ ਐ।

---------------------------------------------------------------

**<u>ਆਖਿਰ ਵਿਚ ਖਾਸ ਖਬਰਾਂ ਇਕ ਵਾਰ ਫੇਰ ਤੋਂ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਵੀਡੀਓ ਕਾਨਫਰੰਸ ਰਾਹੀਂ ਨਵ-ਨਿਯੁਕਤ ਨੌਜਵਾਨਾਂ ਨੂੰ, 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ।
- ਭਾਰਤੀ ਰੇਲਵੇ ਨੇ ਔਰਤ ਅਤੇ ਬਾਲ ਵਿਕਾਸ ਮੰਤਰਾਲੇ ਦੇ ਸਹਿਯੋਗ ਨਾਲ, ਜ਼ੋਖਮ ਅਧੀਨ ਬੱਚਿਆਂ ਦੀ ਸੁਰੱਖਿਆ ਲਈ, ਇੱਕ ਸੋਧੀ ਹੋਈ ਮਿਆਰੀ ਸੰਚਾਲਨ ਪ੍ਰਕਿਰਿਆ ਸ਼ੁਰੂ ਕੀਤੀ ਏ।
- ਪੰਜਾਬ ਸਮੇਤ ਦੇਸ਼ ਭਰ ਵਿੱਚ ਅੱਜ ਤੋਂ 3 ਨਵੰਬਰ ਤੱਕ ਵਿਜੀਲੈਂਸ ਜਾਗਰੂਕਤਾ ਹਫ਼ਤਾ ਮਨਾਇਆ ਜਾ ਰਿਹਾ ਏ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੱਜ ਹੋਏ ਜਨਰਲ ਇਜਲਾਸ ਦੌਰਾਨ, ਹਰਜਿੰਦਰ ਸਿੰਘ ਧਾਮੀ ਲਗਾਤਾਰ ਚੌਥੀ ਵਾਰ, ਪ੍ਰਧਾਨ ਚੁਣੇ ਗਏ।

**ਇਸ ਦੇ ਨਾਲ ਹੀ ਪ੍ਰਦੇਸ਼ਿਕ ਖਬਰਾਂ ਖਤਮ ਹੋਈਆਂ, ਨਮਸਕਾਰ ।**